ਬਸੰਤੁ ਮਹਲਾ ੫ ॥ ਪ੍ਰਭ ਪ੍ਰੀਤਮ ਮੇਰੈ ਸੰਗਿ ਰਾਇ ॥ ਜਿਸਹਿ ਦੇਖਿ ਹਉ ਜੀਵਾ ਮਾਇ ॥ ਜਾ ਕੈ ਸਿਮਰਨਿ ਦੁਖੁ ਨ ਹੋਇ ॥ ਕਰਿ ਦਇਆ ਮਿਲਾਵਹੁ ਤਿਸਹਿ ਮੋਹਿ ॥੧॥ ਮੇਰੇ ਪ੍ਰੀਤਮ ਪ੍ਰਾਨ ਅਧਾਰ ਮਨ ॥ ਜੀਉ ਪ੍ਰਾਨ ਸਭੁ ਤੇਰੋ ਧਨ ॥੧॥ ਰਹਾਉ ॥ ਜਾ ਕਉ ਖੋਜਹਿ ਸੁਰਿ ਨਰ ਦੇਵ ॥ ਮੁਨਿ ਜਨ ਸੇਖ ਨ ਲਹਹਿ ਭੇਵ ॥ ਜਾ ਕੀ ਗਤਿ ਮਿਤਿ ਕਹੀ ਨ ਜਾਇ ॥ ਘਟਿ ਘਟਿ ਘਟਿ ਘਟਿ ਰਹਿਆ ਸਮਾਇ ॥੨॥ ਜਾ ਕੇ ਭਗਤ ਆਨੰਦ ਮੈ ॥ ਜਾ ਕੇ ਭਗਤ ਕਉ ਨਾਹੀ ਖੈ ॥ ਜਾ ਕੇ ਭਗਤ ਕਉ ਨਾਹੀ ਭੈ ॥ ਜਾ ਕੇ ਭਗਤ ਕਉ ਸਦਾ ਜੈ ॥੩॥ ਕਉਨ ਉਪਮਾ ਤੇਰੀ ਕਹੀ ਜਾਇ ॥ ਸੁਖਦਾਤਾ ਪ੍ਰਭੁ ਰਹਿਓ ਸਮਾਇ ॥ ਨਾਨਕੁ ਜਾਚੈ ਏਕੁ ਦਾਨੁ ॥ ਕਰਿ ਕਿਰਪਾ ਮੋਹਿ ਦੇਹੁ ਨਾਮੁ ॥੪॥੫॥ {ਪੰਨਾ 1181}

ਪਦਅਰਥ:- ਮੇਰੈ ਸੰਗਿ—ਮੇਰੇ ਨਾਲ। ਰਾਇ—ਰਾਜਾ, ਪਾਤਿਸ਼ਾਹ। ਦੇਖਿ—ਵੇਖ ਕੇ। ਹਉ—ਮੈਂ। ਜੀਵਾ—ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ। ਮਾਇ—ਹੇ ਮਾਂ! ਸਿਮਰਨਿ—ਸਿਮਰਨ ਦੀ ਰਾਹੀਂ। ਜਾ ਕੈ ਸਿਮਰਨਿ—ਜਿਸ ਦੇ ਸਿਮਰਨ ਦੀ ਰਾਹੀਂ। ਮੋਹਿ—ਮੈਨੂੰ। ਕਰਿ—ਕਰ ਕੇ। ਜਿਸਹਿ—{ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਜਿਸੁ' 'ਤਿਸੁ' ਦਾ ੁ ਉੱਡ ਗਿਆ ਹੈ}।1।

ਪ੍ਰੀਤਮ—ਹੇ ਪ੍ਰੀਤਮ! ਪ੍ਰਾਨ ਅਧਾਰ ਮਨ—ਹੇ ਮੇਰੇ ਪ੍ਰਾਣਾਂ ਅਤੇ ਮਨ ਦੇ ਆਸਰੇ! ਜੀਉ—ਜਿੰਦ।1। ਰਹਾਉ।

ਜਾ ਕਉ—ਜਿਸ (ਪਰਮਾਤਮਾ) ਨੂੰ। ਸੁਰਿ ਨਰ—ਦੈਵੀ ਗੁਣਾਂ ਵਾਲੇ ਮਨੁੱਖ। ਦੇਵ—ਦੇਵਤੇ। ਸੇਖ—ਸ਼ੇਸ਼ ਨਾਗ। ਨ ਲਹਹਿ—ਨਹੀਂ ਲੱਭ ਸਕਦੇ {ਬਹੁ-ਵਚਨ}। ਭੇਵ—ਭੇਤ। ਗਤਿ—ਹਾਲਤ। ਮਿਤਿ—ਮਾਪ। ਜਾ ਕੀ ਗਤਿ ਮਿਤਿ—ਜਿਸ ਦੀ ਆਤਮਕ ਉੱਚਤਾ ਅਤੇ ਜਿਸ ਦਾ ਵਡੱਪਣ। ਘਟਿ ਘਟਿ—ਹਰੇਕ ਸਰੀਰ ਵਿਚ।2।

ਆਨੰਦ ਮੈ—ਆਨੰਦ ਮਯ, ਆਨੰਦ-ਸਰੂਪ, ਆਨੰਦ-ਭਰਪੂਰ। ਖੈ—ਨਾਸ, ਆਤਮਕ ਮੌਤ। ਭੈ—ਦੁਨੀਆ ਦੇ ਡਰ। ਜੈ—ਜਿੱਤ, ਵਿਕਾਰਾਂ ਦੇ ਟਾਕਰੇ ਤੇ ਜਿੱਤ।3।

ਉਪਮਾ—ਵਡਿਆਈ, ਸਿਫ਼ਤਿ। ਰਹਿਓ ਸਮਾਇ—ਸਭ ਥਾਂ ਮੌਜੂਦ ਹੈ। ਜਾਚੈ—ਮੰਗਦਾ ਹੈ। ਦਾਨੁ—ਖ਼ੈਰ। ਮੋਹਿ— ਮੈਨੂੰ।4।

ਅਰਥ:- ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਮੇਰੀ ਜਿੰਦ ਤੇ ਮਨ ਦੇ ਆਸਰੇ ਪ੍ਰਭੂ! ਮੇਰੀ ਇਹ ਜਿੰਦ ਮੇਰੇ ਇਹ ਪ੍ਰਾਣ—ਸਭ ਕੁਝ ਤੇਰਾ ਹੀ ਦਿੱਤਾ ਹੋਇਆ ਸਰਮਾਇਆ ਹੈ।1। ਰਹਾਉ।

ਹੇ ਮਾਂ! ਪ੍ਰੀਤਮ ਪ੍ਰਭੂ, ਪ੍ਰਭੂ ਪਾਤਿਸ਼ਾਹ (ਉਂਞ ਤਾਂ ਹਰ ਵੇਲੇ) ਮੇਰੇ ਨਾਲ ਵੱਸਦਾ ਹੈ (ਪਰ ਮੈਨੂੰ ਦਿੱਸਦਾ ਨਹੀਂ)। ਹੇ ਮਾਂ! ਮਿਹਰ ਕਰ ਕੇ ਮੈਨੂੰ ਉਸ ਪ੍ਰਭੂ ਨਾਲ ਮਿਲਾ ਦੇ, ਜਿਸ ਨੂੰ ਵੇਖ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਸਕਾਂ, ਜਿਸ ਦੇ ਸਿਮਰਨ ਦੀ ਬਰਕਤਿ ਨਾਲ ਕੋਈ ਦੁੱਖ ਪੋਹ ਨਹੀਂ ਸਕਦਾ।1।

ਹੇ ਮਾਂ! ਜਿਸ ਪਰਮਾਤਮਾ ਨੂੰ ਦੈਵੀ ਗੁਣਾਂ ਵਾਲੇ ਮਨੁੱਖ ਅਤੇ ਦੇਵਤੇ ਭਾਲਦੇ ਰਹਿੰਦੇ ਹਨ, ਜਿਸ ਦਾ ਭੇਤ ਮੁਨੀ ਲੋਕ ਅਤੇ ਸ਼ੇਸ਼-ਨਾਗ ਭੀ ਨਹੀਂ ਪਾ ਸਕਦੇ, ਜਿਸ ਦੀ ਉੱਚੀ ਆਤਮਕ ਅਵਸਥਾ ਅਤੇ ਵਡੱਪਣ ਬਿਆਨ ਨਹੀਂ ਕੀਤੇ ਜਾ ਸਕਦੇ, ਹੇ ਮਾਂ! ਉਹ ਪਰਮਾਤਮਾ ਹਰੇਕ ਸਰੀਰ ਵਿਚ ਵਿਆਪ ਰਿਹਾ ਹੈ।2।

ਹੇ ਮਾਂ! ਜਿਸ ਪਰਮਾਤਮਾ ਦੇ ਭਗਤ ਸਦਾ ਆਨੰਦ-ਭਰਪੂਰ ਰਹਿੰਦੇ ਹਨ, ਜਿਸ ਪਰਮਾਤਮਾ ਦੇ ਭਗਤਾਂ ਨੂੰ ਕਦੇ ਆਤਮਕ ਮੌਤ ਨਹੀਂ ਆਉਂਦੀ, ਜਿਸ ਪਰਮਾਤਮਾ ਦੇ ਭਗਤਾਂ ਨੂੰ (ਦੁਨੀਆ ਦੇ ਕੋਈ) ਡਰ ਪੋਹ ਨਹੀਂ ਸਕਦੇ, ਜਿਸ ਪਰਮਾਤਮਾ ਦੇ ਭਗਤਾਂ ਨੂੰ (ਵਿਕਾਰਾਂ ਦੇ ਟਾਕਰੇ ਤੇ) ਸਦਾ ਜਿੱਤ ਹੁੰਦੀ ਹੈ (ਉਹ ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ)।3।

ਹੇ ਪ੍ਰਭੂ! ਤੇਰੀ ਕੋਈ ਉਪਮਾ ਦੱਸੀ ਨਹੀਂ ਜਾ ਸਕਦੀ (ਤੇਰੇ ਵਰਗਾ ਕੋਈ ਦੱਸਿਆ ਨਹੀਂ ਜਾ ਸਕਦਾ)। ਤੂੰ (ਸਭ

ਜੀਵਾਂ ਨੂੰ) ਸੁਖ ਦੇਣ ਵਾਲਾ ਮਾਲਕ ਹੈਂ, ਤੂੰ ਹਰ ਥਾਂ ਮੌਜੂਦ ਹੈਂ। ਹੇ ਪ੍ਰਭੂ! (ਤੇਰੇ ਪਾਸੋਂ) ਇਕ ਖ਼ੈਰ ਮੰਗਦਾ ਹਾਂ—ਮਿਹਰ ਕਰ ਕੇ ਮੈਨੂੰ ਆਪਣਾ ਨਾਮ ਬਖ਼ਸ਼।4।5।